# ਪੰਜਾਬ ਵਿਧਾਨ ਸਭਾ

## ਛੇਵਾਂ (ਬਜਟ) ਸਮਾਗਮ

## ਨਿਸ਼ਾਨ ਵਾਲੇ ਪ੍ਰਸ਼ਨ

## 06 ਮਾਰਚ, 2024

----

**ਕੁੱਲ ਪ੍ਰਸ਼ਨ 20**

----

### ਸਿਵਲ ਹਸਪਤਾਲ ਕਸਬਾ ਮੱਲਾਂਵਾਲਾ ਵਿੱਚ 24 ਘੰਟੇ ਸੇਵਾਵਾਂ ਮੁਹੱਈਆ ਕਰਵਾਉਣਾ

***1020 ਸ਼੍ਰੀ ਨਰੇਸ਼ ਕਟਾਰੀਆ (ਜ਼ੀਰਾ ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਕਸਬਾ ਮੱਲਾਂਵਾਲਾ ਦਾ ਸਿਵਲ ਹਸਪਤਾਲ ਪਿਛਲੇ ਲੰਮੇ ਸਮੇ ਤੋਂ 24 ਘੰਟੇ ਸੇਵਾਵਾਂ ਦੇ ਰਿਹਾ ਸੀ, ਪਰੰਤੂ ਪਿਛਲੇ ਕੁੱਝ ਮਹੀਨਿਆਂ ਤੋ ਸਟਾਫ ਦੀ ਘਾਟ ਕਾਰਨ 24 ਘੰਟੇ ਸੇਵਾਵਾਂ ਨਹੀਂ ਦੇ ਰਿਹਾ ਹੈ; ਜੇਕਰ ਅਜਿਹਾ ਹੈ ਤਾਂ ਇੱਥੇ ਸਟਾਫ ਅਤੇ ਹੋਰ ਜਰੂਰੀ ਸਮਾਨ ਕਦੋਂ ਤੱਕ ਮੁਹੱਈਆ ਕਰਵਾਕੇ 24 ਘੰਟੇ ਸੇਵਾਵਾਂ ਦੁਬਾਰਾ ਸ਼ੁਰੂ ਕਰ ਦਿੱਤੀਆ ਜਾਣਗੀਆਂ?

----

### ਮਿਡ ਡੇ ਮੀਲ ਵਰਕਰਾਂ ਦਾ ਮਾਣ ਭੱਤਾ ਵਧਾਉਣਾ

***1009 ਸ. ਗੁਰਪ੍ਰੀਤ ਸਿੰਘ ਬਨਾਂਵਲੀ ( ਸਰਦੂਲਗੜ੍ਹ):**

**ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ :-**

ਕੀ ਸਮਾਜਿਕ ਸੁਰੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਮਿਡ ਡੇ ਮੀਲ ਵਰਕਰਾਂ ਦਾ ਮਾਣ ਭੱਤਾ/ਤਨਖਾਹ ਵਧਾਉਣ ਸਬੰਧੀ ਕੇਂਦਰ ਸਰਕਾਰ ਨਾਲ ਕੋਈ ਪੱਤਰ

ਵਿਹਾਰ ਕੀਤਾ ਗਿਆ ਹੈ; ਜੇਕਰ ਹਾਂ ਤਾਂ ਇਸ ਦੇ ਵੇਰਵੇ ਕੀ ਹਨ;

**ਅ)** ਕੀ ਮਿਡ ਡੇ ਮੀਲ ਵਰਕਰਾਂ ਦਾ ਮਾਣ ਭੱਤਾ/ਤਨਖਾਹ  ਡੇਲੀ ਵੇਜ/ਡੀ.ਸੀ.ਰੇਟ ਤੋਂ ਵੀ ਘੱਟ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

## ਲੰਬਾ ਪਿੰਡ ਤੋਂ ਜੰਡੂ ਸਿੰਘਾ ਵਾਲੀ ਸੜਕ ਦੀ ਉਸਾਰੀ ਦੇ ਵੇਰਵੇ

***1016 ਸ਼੍ਰੀ. ਅਵਤਾਰ ਸਿੰਘ ਜੂਨੀਅਰ (ਜਲੰਧਰ ਉੱਤਰੀ ):**

**ਲੋਕ ਨਿਰਮਾਣ, ਬਿਜਲੀ :-**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਜਲੰਧਰ ਵਿਖੇ ਲੰਬਾ ਪਿੰਡ ਤੋਂ ਜੰਡੂ ਸਿੰਘਾ ਵਾਲੀ ਸੜਕ ਉਸਾਰੀ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਪ੍ਰੋਜੈਕਟ ਦੇ ਵੇਰਵੇ ਕੀ ਹਨ;

ਅ) ਉਪਰੋਕਤ ਸੜਕ ਦੀ ਉਸਾਰੀ ਲਈ ਕਿਸ ਮਿਤੀ ਨੂੰ ਟੈਂਡਰ ਜਾਰੀ ਕੀਤੇ ਗਏ ਸਨ ਅਤੇ ਅਸਲ ਵਿੱਚ ਕਿਸ ਮਿਤੀ ਨੂੰ ਕੰਮ ਅਲਾਟ ਕੀਤਾ ਗਿਆ ਸੀ;

ੲ) ਉਪਰੋਕਤ ਸੜਕ ਦੀ ਟੈਂਡਰ ਵੈਲਿਉ ਕਿੰਨੀ ਸੀ ਅਤੇ ਇਸ ਨੂੰ ਪੂਰਾ ਕਰਨ ਦੀ ਸਮਾਂ-ਸੀਮਾਂ ਕੀ ਸੀ ?

----

## ਸ੍ਰੀ ਮੁਕਤਸਰ ਸਾਹਿਬ ਦੇ ਸੀਵਰੇਜ਼ ਸਿਸਟਮ ਨੂੰ ਦਰੁਸਤ ਕਰਨਾ।

***970 ਸ. ਜਗਦੀਪ ਸਿੰਘ ਕਾਕਾ ਬਰਾੜ ( ਮੁਕਤਸਰ ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ**

ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੇ ਕਿ ਸ੍ਰੀ ਮੁਕਤਸਰ ਸਾਹਿਬ ਦੇ ਸੀਵਰੇਜ਼ ਸਿਸਟਮ ਨੂੰ ਦਰੁਸਤ ਕਰਨ ਲਈੁ ਹੁਣ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ; ਜੇਕਰ ਅਜਿਹਾ ਹੋਵੇ ਤਾਂ ਇਸ ਨੂੰ ਪੂਰਨ ਤੌਰ ਤੇ ਠੀਕ ਕਰਨ ਲਈ ਹੋਰ ਕਿੰਨਾਂ ਸਮਾਂ ਲੱਗੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

**ਪਿੰਡ ਰਾਇਕੇ ਕਲਾਂ ਵਿੱਚ ਪਸ਼ੂਆਂ ਦੀ ਮੌਤ ਹੋਣ ਕੇ ਕਾਰਨਾਂ ਦੇ ਵੇਰਵੇ।**

***976 ਸ਼੍ਰੀ ਅਮਿਤ ਰਤਨ ਕੋਟਫੱਤਾ ( ਬਠਿੰਡਾ ਦਿਹਾਤੀ ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ :-**

ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਜ਼ਿਲ੍ਹਾ ਬਠਿੰਡਾ ਦੇ ਪਿੰਡ ਰਾਇਕੇ ਕਲਾਂ ਵਿੱਚ ਕਿੰਨੇ ਪਸ਼ੂਆਂ ਦੀ ਮੌਤ ਹੋਈ ਹੈ, ਇਹਨਾਂ ਪਸ਼ੂਆਂ ਦੀ ਮੌਤ ਹੋਣ ਦੇ ਕੀ ਕਾਰਨ ਹਨ;

ਅ) ਇਸ ਕੰਮ ਲਈ ਕਿਸ ਨੂੰ ਸਜ਼ਾ ਦਿੱਤੀ ਗਈ ਹੈ ਅਤੇ ਕੀ ਇਸ ਵਿੱਚ ਆਪਣੇ ਪਸ਼ੂ ਗੁਆ ਚੁੱਕੇ ਗ਼ਰੀਬ ਕਿਸਾਨਾਂ ਲਈ ਕਿਸੇ ਤਰ੍ਹਾਂ ਦੀ ਵਿੱਤੀ ਸਹਾਇਤਾ ਜਾਰੀ ਕਰਨ ਦੀ ਸਰਕਾਰ ਦੀ ਕੋਈ ਯੋਜਨਾ ਹੈ?

----

**ਫਿਲੌਰ ਅਤੇ ਗੁਰਾਇਆਂ ਦੇ ਰੇਲਵੇ ਕਰਾਸਿੰਗ ਤੇ ਓਵਰ ਬ੍ਰਿਜ ਜਾਂ ਅੰਡਰਪਾਸ ਬਣਾਉਣਾ**

***995 ਸ਼੍ਰੀ ਵਿਕਰਮਜੀਤ ਸਿੰਘ ਚੌਧਰੀ (ਫਿਲੌਰ):**

**ਲੋਕ ਨਿਰਮਾਣ, ਬਿਜਲੀ :-**

ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

(ੳ) ਕੀ ਇਹ ਠੀਕ ਹੈ ਕਿ ਫਿਲੌਰ ਵਿੱਚ-ਨੂਰਮਹਿਲ ਰੋਡ ਅਤੇ ਗੁਰਾਇਆਂ ਵਿੱਚ ਗੁਰਾਇਆਂ-ਰੁੜਕਾ ਕਲਾਂ ਰੋਡ ਤੇ ਸਥਿਤ ਰੇਲਵੇ ਕਰਾਸਿੰਗ ਤੇ ਕੋਈ ਵੀ ਓਵਰ ਬ੍ਰਿਜ ਜਾਂ ਅੰਡਰਪਾਸ ਨਹੀਂ ਹੈ;

(ਅ) ਫਿਲੌਰ ਅਤੇ ਗੁਰਾਇਆਂ ਦੇ ਰੇਲਵੇ ਕਰਾਸਿੰਗ ਤੇ ਓਵਰ ਬ੍ਰਿਜ ਜਾਂ ਅੰਡਰਪਾਸ ਬਣਾਉਣ ਲਈ ਸਰਕਾਰ ਵੱਲੋਂ ਕੀ ਕਦਮ ਚੁੱਕੇ ਗਏ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

**ਪੰਜਾਬ ਦੇ ਪਿੰਡਾਂ ਵਿੱਚ ਲਗਾਈਆਂ ਗਈਆਂ ਸੋਲਰ ਲਾਈਟਾਂ ਦੇ ਵੇਰਵੇ।**

***986 ਸ਼੍ਰੀ ਦਿਨੇਸ਼ ਕੁਮਾਰ ਚੱਢਾ (ਰੂਪਨਗਰ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ**

ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਪਿਛਲੇ 10 ਸਾਲਾਂ ਵਿਚ ਵੱਖ-ਵੱਖ ਸਕੀਮਾਂ ਵਿਚੋਂ ਪੂਰੇ ਪੰਜਾਬ ਦੇ ਪਿੰਡਾਂ ਵਿਚ ਅਤੇ ਰੋਪੜ ਹਲਕੇ ਦੇ ਪਿੰਡਾਂ ਵਿਚ ਕਿੰਨੀਆਂ ਸੋਲਰ ਲਾਈਟਾਂ ਲਗਾਈਆਂ ਗਈਆਂ ਹਨ; ਇਨ੍ਹਾਂ ਵਿਚੋਂ ਕਿੰਨੀਆਂ ਸੋਲਰ ਲਾਈਟਾਂ ਮੌਜੂਦਾ ਸਮੇਂ ਵਿਚ ਚੱਲ ਰਹੀਆਂ ਹਨ ਅਤੇ ਕਿੰਨੀਆਂ ਖਰਾਬ ਹੋਣ ਕਰਕੇ ਜਾਂ ਹੋਰ ਕਾਰਨਾਂ ਕਰਕੇ ਬੰਦ ਪਈਆਂ ਹਨ; ਭਵਿੱਖ ਵਿਚ ਲਗਾਈਆਂ ਜਾਣ ਵਾਲੀਆਂ ਸੋਲਰ ਲਾਈਟਾਂ ਨੂੰ ਲੰਬੇ ਸਮੇਂ ਤੱਕ

ਚਲਦੀਆਂ ਰੱਖਣ ਲਈ ਕੀ ਯੋਜਨਾ ਹੈ?

----

## ਅੰਮ੍ਰਿਤਸਰ ਸ਼ਹਿਰ ਵਿੱਚ ਸੀਵਰੇਜ ਸਿਸਟਮ

***968 ਸ਼੍ਰੀ ਕੁੰਵਰ ਵਿਜੈ ਪ੍ਰਤਾਪ ਸਿੰਘ (ਅੰਮ੍ਰਿਤਸਰ ਉੱਤਰੀ):**

**ਸਥਾਨਕ ਸਰਕਾਰਾਂ, ਸੰਸਦੀ ਮਾਮਲੇ :-**

ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਰਕਾਰ ਦੀ ਅੰਮ੍ਰਿਤਸਰ ਸ਼ਹਿਰ ਦੇ ਖਾਸ ਕਰਕੇ ਵਿਜੈ ਨਗਰ, ਮੁਸਤਫਾਬਾਦ, ਬਟਾਲਾ ਰੋਡ, ਗੋਪਾਲ ਨਗਰ, ਨਹਿਰੂ ਕਲੋਨੀ, ਮਜੀਠਾ ਰੋਡ, ਤੁੰਗਬਾਲਾ, ਫੈਜ਼ਪੁਰਾ, ਕਰਮਪੁਰਾ, ਹਿੰਦੁਸਤਾਨੀ ਬਸਤੀ, ਨਮਕ ਮੰਡੀ, ਟੁੰਡਾ ਤਾਲਾਬ, ਕਟੜਾ ਆਹਲੂਵਾਲੀਆ, ਛੇਹਰਟਾ ਆਦਿ ਖੇਤਰਾਂ ਵਿੱਚ ਸੀਵਰੇਜ ਪ੍ਰਣਾਲੀ ਨੂੰ ਸੁਧਾਰਨ ਦੀ ਕੋਈ ਯੋਜਨਾ ਹੈ;

ਅ) ਅੰਮ੍ਰਿਤਸਰ ਸ਼ਹਿਰ ਵਿੱਚ ਸੀਵਰੇਜ ਅਤੇ ਸਾਫ਼ ਪਾਣੀ ਸਬੰਧੀ ਸਮਸਿਆ ਨੂੰ ਹੱਲ ਕਰਨ ਲਈ ਕੀ ਯੋਜਨਾ ਹੈ ?

----

## ਸੰਗਰੂਰ ਤੋਂ ਮਲੇਰਕੋਟਲਾ ਫੋਰ ਲੇਨ ਬਣਾਉਣਾ

***951 ਸ਼੍ਰੀਮਤੀ ਨਰਿੰਦਰ ਕੌਰ ਭਰਾਜ (ਸੰਗਰੂਰ):**

**ਲੋਕ ਨਿਰਮਾਣ, ਬਿਜਲੀ** ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸੰਗਰੂਰ ਤੋਂ ਮਲੇਰਕੋਟਲਾ ਫੋਰ ਲੇਨ ਬਣਾਉਣ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ?

----

## ਦੀਨਾਨਗਰ ਵਿੱਚ ਪੈਂਦੇ ਕਮਿਊਨਟੀ ਹੈਲਥ ਸੈਂਟਰ ਸਿੰਘੋਵਾਲ ਨੂੰ ਸਬ-ਡਵੀਜ਼ਨਲ ਹਸਪਤਾਲ ਬਣਾਉਣਾ

***955 ਸ਼੍ਰੀਮਤੀ ਅਰੁਣਾ ਚੌਧਰੀ (ਦੀਨਾ ਨਗਰ):**

**ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਮੈਡੀਕਲ ਸਿੱਖਿਆ ਅਤੇ ਖੋਜ, ਚੋਣ**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਪਿਛਲੀ ਸਰਕਾਰ ਨੇ ਦੀਨਾਨਗਰ ਨਗਰ ਨਿਗਮ ਵਿੱਚ ਪੈਂਦੇ ਕਮਿਊਨਟੀ ਹੈਲਥ ਸੈਂਟਰ ਸਿੰਘੋਵਾਲ ਨੂੰ ਸਬ-ਡਵੀਜ਼ਨਲ ਹਸਪਤਾਲ ਦੇ ਪੱਧਰ ਤੱਕ ਅਪਗ੍ਰੇਡ ਕਰਨ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦਿੱਤੀ ਗਈ ਸੀ; ਜੇਕਰ ਅਜਿਹਾ ਹੋਵੇ ਤਾਂ ਇਸ ਦੀ ਕਿੰਨੀ ਸਮਾਂ-ਸੀਮਾਂ ਨਿਸ਼ਚਿਤ ਕੀਤੀ ਗਈ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

## ਬਰਜਿੰਦਰਾ ਕਾਲਜ ਦੇ ਹੋਸਟਲ ਦੀ ਰਿਪੇਅਰ ਕਰਵਾਉਣਾ

***944 ਸ. ਗੁਰਦਿੱਤ ਸਿੰਘ ਸੇਖੋਂ (ਫਰੀਦਕੋਟ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ**

ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਦੱਸਣਗੇ ਕਿ ਫਰੀਦਕੋਟ ਵਿਖੇ ਬਰਜਿੰਦਰਾ ਕਾਲਜ ਦੇ ਹੋਸਟਲ ਦੀ ਇਮਾਰਤ ਦੀ ਰਿਪੇਅਰ ਲੱਗਭਗ 20 ਸਾਲ ਤੋਂ ਨਹੀਂ ਹੋਈ; ਜੇਕਰ ਅਜਿਹਾ ਹੈ ਤਾਂ ਇਸ ਹੋਸਟਲ ਦੀ ਰਿਪੇਅਰ ਕਦੋਂ ਤੱਕ ਕਰਵਾ ਦਿੱਤੀ ਜਾਵੇਗੀ?

----

## ਸਰਕਾਰੀ ਚੌਂਕੀਦਾਰਾਂ ਦੇ ਮਾਣਭੱਤੇ ਵਿੱਚ ਵਾਧਾ ਕਰਨਾ

***980 ਸ. ਚਰਨਜੀਤ ਸਿੰਘ (ਚਮਕੌਰ ਸਾਹਿਬ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ**

ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਸਰਕਾਰੀ ਚੌਕੀਦਾਰਾਂ ਦਾ ਮਾਣਭੱਤਾ 1100 ਰੁਪਏ ਤੋਂ ਵਧਾ ਕੇ 4 ਹਜ਼ਾਰ ਕਰਨ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

## ਪਿੰਡਾਂ ਦੇ ਵਿਕਾਸ ਲਈ ਵੰਡੀਆਂ ਗਈਆਂ ਗ੍ਰਾਂਟਾਂ ਦੇ ਵੇਰਵੇ

***990 ਸ. ਸੁਖਜਿੰਦਰ ਸਿੰਘ ਰੰਧਾਵਾ (ਡੇਰਾ ਬਾਬਾ ਨਾਨਕ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ** ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਮੌਜੂਦਾ ਸਰਕਾਰ ਦੁਆਰਾ ਰਾਜ ਵਿੱਚ ਪਿੰਡਾਂ ਦੇ ਵਿਕਾਸ ਲਈ ਹੁਣ ਤੱਕ ਕੁੱਲ ਕਿੰਨੀਆਂ ਗ੍ਰਾਂਟਾ ਵੰਡੀਆਂ/ਜਾਰੀ ਕੀਤੀਆਂ ਗਈਆ; ਵੇਰਵੇ ਸਹਿਤ ਦੱਸਿਆ ਜਾਵੇ?

----

## ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਰਟੈਂਡਾ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਦੇ ਵੇਰਵੇ

***1004 ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਉੱਚ ਸਿੱਖਿਆ, ਸਕੂਲ ਸਿੱਖਿਆ**

ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਰਟੈਂਡਾ, ਬਲਾਕ ਮੁਕੰਦਪੁਰ ਵਿੱਚ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ਼ ਦੀਆਂ ਕਿੰਨੀਆਂ—ਕਿੰਨੀਆਂ ਮਨਜ਼ੂਰਸ਼ੁਦਾ ਅਸਾਮੀਆਂ ਹਨ, ਇਨ੍ਹਾਂ ਵਿੱਚੋਂ ਕਿੰਨੀਆਂ ਅਸਾਮੀਆਂ ਖਾਲੀ ਪਈਆਂ ਹਨ, ਅਤੇ ਖਾਲੀ ਅਸਾਮੀਆਂ ਨੂੰ ਕਦੋਂ ਤੱਕ ਭਰ ਦਿੱਤਾ ਜਾਵੇਗਾ; ਵੇਰਵੇ ਸਹਿਤ ਦੱਸਿਆ ਜਾਵੇ?

----

## ਰਾਜਸਥਾਨ ਫੀਡਰ ਅਤੇ ਸਰਹੰਦ ਫੀਡਰ ਤੇ ਪੁੱਲ ਬਣਾਉਣਾ/ਰਿਪੇਅਰ ਕਰਨਾ

***1021 ਸ਼੍ਰੀ ਨਰੇਸ਼ ਕਟਾਰੀਆ (ਜੀਰਾ):**

**ਰੱਖਿਆ ਸੇਵਾਵਾਂ ਭਲਾਈ, ਆਜ਼ਾਦੀ ਘੁਲਾਟੀਆਂ, ਬਾਗਬਾਨੀ, ਸੂਚਨਾ ਅਤੇ ਲੋਕ ਸੰਪਰਕ, ਖਾਨ ਅਤੇ ਭੂ-ਵਿਗਿਆਨ, ਜਲ ਸਰੋਤ ਅਤੇ ਜ਼ਮੀਨ ਅਤੇ ਪਾਣੀ ਦੀ ਸੰਭਾਲ**

ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਹਰੀਕੇ ਤੋਂ ਨਿਕਲ ਰਹੀਆਂ ਦੋ ਨਹਿਰਾਂ ਰਾਜਸਥਾਨ ਫੀਡਰ ਅਤੇ ਸਰਹੰਦ ਫੀਡਰ ਜਿੰਨ੍ਹਾਂ ਦੇ ਕਈ ਪੁੱਲਾਂ ਦੀ ਹਾਲਤ ਬਹੁਤ ਖਰਾਬ ਹੈ ਅਤੇ ਦੋ ਪੁੱਲ ਪਿਛਲੇ ਲੰਮੇ ਸਮੇਂ ਤੇ ਟੁੱਟੇ ਹੋਏ ਹਨ; ਜੇਕਰ ਅਜਿਹਾ ਹੈ ਤਾਂ ਇਹ ਪੁੱਲ ਕਦੋਂ ਤੱਕ ਬਣਾਏ ਜਾਣਗੇ ਅਤੇ ਜਿਨ੍ਹਾਂ ਪੁੱਲਾਂ ਦੀ ਰਿਪੇਅਰ ਹੋਣ ਵਾਲੀ ਹੈ ਉਨ੍ਹਾਂ ਦੀ ਰਿਪੇਅਰ ਕਦੋਂ ਤੱਕ ਹੋ ਜਾਵੇਗੀ; ਵੇਰਵੇ ਸਹਿਤ ਦੱਸਿਆ ਜਾਵੇ?

----

## ਹਲਕਾ ਸਰਦੂਲਗੜ ਦੇ ਪਿੰਡਾਂ ਨੂੰ ਨਹਿਰੀ ਪਾਣੀ ਦੇਣਾ

***1018 ਸ. ਗੁਰਪ੍ਰੀਤ ਸਿੰਘ ਬਨਾਂਵਲੀ ( ਸਰਦੂਲਗੜ੍ਹ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ**

ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਸਰਦੂਲਗੜ ਦੇ ਜਿਨ੍ਹਾਂ ਪਿੰਡਾਂ ਨੂੰ ਵਾਟਰ ਵਰਕਸ ਤੋਂ ਟਿਊਬਵੈੱਲ ਰਾਹੀਂ ਗਰਾਊਂਡ ਦਾ ਪਾਣੀ ਸਪਲਾਈ ਕੀਤਾ ਜਾ ਰਿਹਾ ਹੈ, ਕੀ ਉਨ੍ਹਾਂ ਨੂੰ ਨਹਿਰੀ ਪਾਣੀ ਦੇਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

----

## ਜ਼ਿਲ੍ਹਾ ਗੁਰਦਾਸਪੁਰ ਦੀ ਪੰਚਾਇਤੀ ਜ਼ਮੀਨ ਤੋਂ ਨਜਾਇਜ਼ ਕਬਜ਼ਾ ਹਟਾਉਣਾ

***930 ਸ. ਪ੍ਰਤਾਪ ਸਿੰਘ ਬਾਜਵਾ (ਕਾਦੀਆਂ):**

**ਟਰਾਂਸਪੋਰਟ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ :-**

ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਗ੍ਰਾਮ ਪੰਚਾਇਤ, ਕਾਹਨੂੰਵਾਨ ਦੇ ਸਰਪੰਚ ਅਤੇ ਬਲਾਕ ਕਾਦੀਆਂ ਦੇ ਪੰਚਾਇਤ ਸਕੱਤਰ ਕਾਹਨੂੰਵਾਨ, ਬਲਾਕ ਕਾਦੀਆਂ, ਜ਼ਿਲ੍ਹਾ ਗੁਰਦਾਸਪੁਰ ਦੀ ਪੰਚਾਇਤੀ ਜ਼ਮੀਨ ਤੇ ਨਜਾਇਜ਼ ਕਬਜ਼ਾ ਕਰਨ ਲਈ ਦੋਸ਼ੀ ਪਾਏ ਗਏ ਹਨ;

**ਅ)** ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ, ਤਾਂ ਵਿਭਾਗ ਨੇ ਹੁਣ ਤੱਕ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਅਤੇ ਹੋਰ ਥਾਵਾਂ ਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਕਿਹੜੇ ਕਦਮ ਚੁੱਕੇ ਹਨ?

----

## ਮੰਡੀ ਬੋਰਡ ਦੀ ਹਦੂਦ ਅੰਦਰ ਆਉਂਦੀਆਂ ਸੜਕਾਂ ਦੀ ਰਿਪੇਅਰ ਕਰਨਾ।

***971 ਸ. ਜਗਦੀਪ ਸਿੰਘ ਕਾਕਾ ਬਰਾੜ ( ਮੁਕਤਸਰ ):**

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ**

ਕੀ ਖੇਤੀਬਾੜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸ੍ਰੀ ਮੁਕਤਸਰ ਸਾਹਿਬ ਦੀ ਹਦੂਦ ਦੇ ਅੰਦਰ ਮੰਡੀ ਬੋਰਡ ਦੀਆਂ ਕੁੱਲ ਕਿੰਨੀਆਂ ਸੜਕਾਂ ਆਉਦੀਆਂ ਹਨ, ਕੀ ਇਹਨਾਂ ਸੜਕਾਂ ਨੂੰ ਸਥਾਨਕ ਸਰਕਾਰ ਵਿਭਾਗ ਨੂੰ ਹੈਂਡਓਵਰ ਕੀਤਾ ਗਿਆ ਹੈ, ਜੇਕਰ ਨਹੀ ਤਾਂ ਇਹਨਾਂ ਸੜਕਾਂ ਨੂੰ ਸਥਾਨਕ ਸਰਕਾਰ ਵਿਭਾਗ ਨੂੰ ਕਦੋਂ ਤੱਕ ਹੈਂਡਓਵਰ ਕੀਤਾ ਜਾਵੇਗਾ ਅਤੇ ਇਹਨਾਂ ਸੜਕਾਂ ਦੀ ਰਿਪੇਅਰ ਕਦੋਂ ਤੱਕ ਹੋ ਜਾਵੇਗੀ?

----

## ਸੁਜਾਨਪੁਰ ਨੂੰ ਸਬ ਤਹਿਸੀਲ ਦਾ ਦਰਜਾ ਦੇਣਾ

***938 ਸ਼੍ਰੀ ਨਰੇਸ਼ ਪੁਰੀ (ਸੁਜਾਨਪੁਰ):**

**ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਅਤੇ ਸੈਨੀਟੇਸ਼ਨ**

ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਸੁਜਾਨਪੁਰ ਨੂੰ ਸਬ ਤਹਿਸੀਲ ਦਾ ਦਰਜਾ ਦੇਣ ਦਾ ਵਿਚਾਰ ਰੱਖਦੀ ਹੈ; ਜੇਕਰ ਹਾਂ ਤਾਂ ਕਦੋਂ ਤੱਕ?

----

## ਐਸ.ਏ.ਐਸ. ਨਗਰ ਵਿੱਖੇ ਵੱਡੇ ਅਤੇ ਮਲਟੀਸ਼ਪੈਸ਼ਲਿਟੀ ਹਸਪਤਾਲਾਂ ਵਿੱਚ ਪਾਰਕਿੰਗ ਦੀ ਸਮੱਸਿਆ

***960 ਸ. ਕੁਲਵੰਤ ਸਿੰਘ (ਐਸ.ਏ.ਐਸ. ਨਗਰ):**

**ਮੁੱਖ ਮੰਤਰੀ**

ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਐਸ.ਏ.ਐਸ. ਨਗਰ ਸ਼ਹਿਰ ਵਿੱਖੇ ਜੋ ਕਈ ਵੱਡੇ ਅਤੇ ਮਲਟੀਸ਼ਪੈਸ਼ਲਿਟੀ ਹਸਪਤਾਲ ਜਿਵੇਂ ਕਿ ਫੋਰਟਿਸ ਹਸਪਤਾਲ, ਮੈਕਸ ਹਸਪਤਾਲ, IVY ਹਸਪਤਾਲ, ਇੰਦਸ ਆਦਿ ਹਨ, ਉਨ੍ਹਾਂ ਦੇ ਬਾਹਰ ਸੜਕਾਂ ਤੇ ਅਤੇ ਗਰੀਨ ਬੈਲਟਾਂ ਲਈ ਨਿਰਧਾਰਤ ਜਗ੍ਹਾ ਤੇ ਵੱਡੀ ਗਿਣਤੀ ਵਿੱਚ ਆਉਣ ਵਾਲੇ ਲੋਕਾਂ ਵੱਲੋਂ ਗੱਡੀਆਂ ਖੜੀਆਂ ਕੀਤੀਆਂ ਜਾਂਦੀਆਂ ਹਨ, ਜਿਸ ਕਾਰਨ ਇਨ੍ਹਾਂ ਹਸਪਤਾਲਾਂ ਦੇ ਬਾਹਰ ਸੜਕਾਂ ਤੇ ਟ੍ਰੈਫਿਕ ਦੀ ਭਾਰੀ ਸਮੱਸਿਆ ਪੈਦਾ ਹੋ ਜਾਂਦੀ ਹੈ; ਕੀ ਇਨ੍ਹਾਂ ਹਸਪਤਾਲਾਂ ਦੀ ਬਿਲਡਿੰਗ ਦਾ ਨਕਸ਼ਾ ਪਾਸ ਕਰਨ ਸਮੇਂ ਗਮਾਡਾ ਵੱਲੋਂ ਗੱਡੀਆਂ ਦੀ ਪਾਰਕਿੰਗ ਲਈ ਕੋਈ ਜਗ੍ਹਾ ਨਿਰਧਾਰਤ ਕੀਤੀ ਗਈ ਸੀ; ਜੇਕਰ ਹਾਂ ਤਾਂ ਕੀ ਉਸ ਜਗ੍ਹਾ ਦੀ ਵਰਤੋਂ ਵਾਹਨਾਂ ਦੀ ਪਾਰਕਿੰਗ ਲਈ ਕੀਤੀ ਜਾ ਰਹੀ ਹੈ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ, 160001.** **ਰਾਮ ਲੋਕ ਖਟਾਣਾ,**
**ਸੋਮਵਾਰ 04 ਮਾਰਚ, 2024.** **ਸਕੱਤਰ**